ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਮੋਗਾ

**ਪੰਜਾਬ ਸਰਕਾਰ ਨੇ ਪੰਜਾਬੀ ਸੂਬਾ ਅਤੇ ਐਮਰਜੈਂਸੀ ਮੋਰਚੇ ਦੇ ਸੰਘਰਸ਼ੀ ਯੋਧਿਆਂ ਨੂੰ ਪੈਨਸ਼ਨ ਤੇ ਹੋਰ ਸਹੂਲਤਾਂ ਸਬੰਧੀ ਪ੍ਰਕਿਰਿਆ ਸਰਲ ਬਣਾਈ-ਡਿਪਟੀ ਕਮਿਸ਼ਨਰ**

- **ਦਰਖਾਸਤਾਂ 10 ਜੂਨ ਤੱਕ ਐਸ.ਡੀ.ਐਮ. ਦਫ਼ਤਰਾਂ 'ਚ ਜਮ੍ਹਾਂ ਕਰਵਾਈਆਂ ਜਾਣ**

ਮੋਗਾ 17 ਮਈ:

ਪੰਜਾਬ ਦੇ ਹੱਕਾਂ ਦੀ ਰਾਖੀ ਲਈ ਪੰਜਾਬੀ ਸੂਬਾ ਮੋਰਚਾ ਅਤੇ ਐਮਰਜੈਂਸੀ (ਸੰਕਟਕਾਲ) ਖਿਲਾਫ਼ ਮੋਰਚੇ ਵਿੱਚ ਭਾਗ ਲੈਣ ਵਾਲੇ ਸੰਘਰਸ਼ੀ ਯੋਧਿਆਂ ਨੂੰ ਪੰਜਾਬ ਸਰਕਾਰ ਵੱਲੋਂ ਵਿੱਤੀ ਸਹਾਇਤਾ ਅਤੇ ਹੋਰ ਸਹੂਲਤਾਂ ਦੇਣ ਦੀ ਸਕੀਮ ਤਹਿਤ ਅਰਜ਼ੀਆਂ ਲੈਣ ਦੀ ਪ੍ਰਕਿਰਿਆ ਨੂੰ ਸਰਲ ਬਣਾਉਂਦੇ ਹੋਏ, ਅਰਜ਼ੀਆਂ ਦੇਣ ਦੀ ਮਿਤੀ 10 ਜੂਨ, 2016 ਤੱਕ ਵਧਾ ਦਿੱਤੀ ਗਈ ਹੈ।

ਇਹ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਮੋਗਾ ਸ. ਕੁਲਦੀਪ ਸਿੰਘ ਵੈਦ ਨੇ ਦੱਸਿਆ ਕਿ 08 ਦਸੰਬਰ 2015 ਤੋਂ ਲਾਗੂ ਕੀਤੀ ਗਈ ਇਸ ਸਕੀਮ ਤਹਿਤ ਅਰਜ਼ੀਆਂ ਦੇਣ ਦੀ ਆਖਰੀ ਮਿਤੀ 31 ਜਨਵਰੀ 2016 ਨਿਰਧਾਰਿਤ ਕੀਤੀ ਗਈ ਸੀ, ਪ੍ਰੰਤੂ ਸੰਘਰਸ਼ੀ ਯੋਧਿਆਂ ਨੂੰ ਮਿਲਣ ਵਾਲੀਆਂ ਸਹੂਲਤਾਂ ਲਈ ਤਸਦੀਕ ਕਰਨ ਦੀ ਪ੍ਰਕਿਰਿਆ ਵਿੱਚ ਬਦਲਾਅ ਕਰਦਿਆਂ, ਇਸ ਨੂੰ ਹੋਰ ਸਰਲ ਬਣਾ ਕੇ ਇਸ ਦੀ ਮਿਆਦ ਵਿੱਚ ਵਾਧਾ ਕਰ ਦਿੱਤਾ ਗਿਆ ਹੈ ਤਾਂ ਜੋ ਯੋਗ ਸੰਘਰਸ਼ੀ ਯੋਧੇ ਸਹੂਲਤਾਂ ਪ੍ਰਾਪਤ ਕਰਨ ਤੋਂ ਵਾਂਝੇ ਨਾ ਰਹਿ ਜਾਣ।

ਸ. ਵੈਦ ਨੇ ਦੱਸਿਆ ਕਿ ਨਵੀਆਂ ਹਦਾਇਤਾਂ ਮੁਤਾਬਕ ਰਾਜ ਸਰਕਾਰ ਵੱਲੋਂ ਫੈਸਲਾ ਲਿਆ ਗਿਆ ਹੈ ਕਿ ਜੇਕਰ ਸਾਬਕਾ ਮੈਂਬਰ ਪਾਰਲੀਮੈਂਟ, ਸਾਬਕਾ ਵਿਧਾਇਕ, ਮੈਂਬਰ ਪਾਰਲੀਮੈਂਟ, ਵਿਧਾਇਕ, ਚੇਅਰਮੈਨ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਜ਼ਿਲ੍ਹਾ ਪ੍ਰੀਸ਼ਦ, ਮੈਂਬਰ ਬਲਾਕ ਸੰਮਤੀ, ਚੇਅਰਮੈਨ ਪੰਚਾਇਤ ਸੰਮਤੀ, ਪਿੰਡ ਦਾ ਸਰਪੰਚ ਅਤੇ ਸ਼ਹਿਰੀ ਇਲਾਕਿਆਂ ਵਿੱਚ ਪ੍ਰਧਾਨ ਨਗਰ ਕੌਂਸਲ, ਕੌਂਸਲਰ ਅਤੇ ਮੇਅਰ ਵੱਲੋਂ ਲਿਖਤੀ ਤੌਰ 'ਤੇ ਇਹ ਤਸਦੀਕ ਕੀਤਾ ਜਾਂਦਾ ਹੈ ਕਿ ਪ੍ਰਾਰਥੀ ਵੱਲੋਂ ਪੰਜਾਬੀ ਸੂਬਾ ਮੋਰਚਾ ਜਾਂ ਐਮਰਜੈਂਸੀ ਵਿਰੁੱਧ ਮੋਰਚੇ ਵਿੱਚ ਭਾਗ ਲਿਆ ਗਿਆ ਹੈ ਅਤੇ ਉਹ ਪੈਨਸ਼ਨ ਲੈਣ ਦਾ ਹੱਕਦਾਰ ਹੈ, ਤਾਂ ਇਨ੍ਹਾਂ ਦੀ ਸਿਫਾਰਿਸ਼ 'ਤੇ ਇਸ ਸਕੀਮ ਤਹਿਤ ਲਾਭਪਾਤਰੀ ਨੂੰ ਲਾਭ ਦਿੱਤਾ ਜਾਵੇਗਾ।

ਡਿਪਟੀ ਕਮਿਸ਼ਨਰ ਨੇ ਜ਼ਿਲ੍ਹੇ ਦੇ ਸ਼ੰਘਰਸ਼ੀ ਯੋਧਿਆਂ ਨੂੰ ਅਪੀਲ ਕੀਤੀ ਕਿ ਉਹ ਅਰਜ਼ੀ ਫ਼ਾਰਮ ਅਤੇ ਸਵੈ-ਘੋਸ਼ਣਾ ਪੱਤਰ ਐਸ.ਡੀ.ਐਮ. ਦਫ਼ਤਰ ਮੋਗਾ, ਬਾਘਾਪੁਰਾਣਾ, ਨਿਹਾਲ ਸਿੰਘ ਵਾਲਾ ਅਤੇ ਧਰਮਕੋਟ ਪਾਸੋਂ ਪ੍ਰਾਪਤ ਕਰਕੇ ਅਤੇ ਉਸ ਨੂੰ ਭਰ ਕੇ ਉੱਥੇ ਹੀ 10 ਜੂਨ,2016 ਤੱਕ ਜਮ੍ਹਾਂ ਕਰਵਾ ਸਕਦੇ ਹਨ। ਉਨ੍ਹਾਂ ਦੱਸਿਆ ਕਿ ਜਿਹੜੇ ਸੰਘਰਸ਼ੀ ਯੋਧਿਆਂ/ਸੰਗਰਾਮੀਆਂ ਨੂੰ ਪਹਿਲਾਂ ਪੈਨਸ਼ਨ ਜਾਰੀ ਕੀਤੀ ਗਈ ਸੀ, ਉਨ੍ਹਾਂ ਦੇ ਪੁਰਾਣੇ ਰਿਕਾਰਡ ਦੇ ਆਧਾਰ 'ਤੇ ਵੀ ਪੈਨਸ਼ਨ ਮਿਲਣ ਯੋਗ ਹੋਵੇਗੀ। ਉਨ੍ਹਾਂ ਕਿਹਾ ਕਿ ਪ੍ਰਾਰਥੀ ਵੱਲੋਂ ਆਪਣੀ ਦਰਖਾਸਤ ਵਿੱਚ ਮੋਬਾਇਲ ਨੰਬਰ ਵੀ ਜ਼ਰੂਰ ਲਿਖਿਆ ਜਾਵੇ।

-------------------

ਨੰ: ਪੀ.ਆਰ(ਪ੍ਰੈ ਰੀ)2016/224

